## ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਕਰੋਨਾ ਮਹਾਮਾਰੀ ਦੇ ਇਸ ਦੌਰ ਵਿੱਚ ਤੰਬਾਕੂ ਦੀ ਵਰਤੋਂ ਹੋ ਸਕਦੀ ਹੈ ਵਧੇਰੇ ਘਾਤਕ- ਡਾ. ਪਰਮਿੰਦਰ ਕੁਮਾਰ

## ਨੌਜਵਾਨਾਂ ਨੂੰ ਤੰਬਾਕੂ ਦੀ ਵਰਤੋਂ ਨਾ ਕਰਨ ਦੀ ਅਪੀਲ

ਫਾਜ਼ਿਲਕਾ, 31 ਮਈ 2021.

ਵਿਸਵ ਤੰਬਾਕੂ ਵਿਰੋਧੀ ਦਿਵਸ 31 ਮਈ 2021 ਦੇ ਮੌਕੇ ਤੇ ਤੰਬਾਕੂ ਛੱਡਣ ਅਤੇ ਛੁਡਵਾਉਣ ਲਈ ਸੌਂਹ ਚੁਕਾਣ ਵੇਲੇ ਡਾ. ਪਰਮਿੰਦਰ ਕੁਮਾਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕੇ ਤੰਬਾਕੂ ਦਾ ਸਿੱਧਾ ਅਸਰ ਇਨਸਾਨ ਦੇ ਫੇਫੜਿਆਂ ਤੇ ਦਿਲ ਤੇ ਪੈਂਦਾ ਹੈ ਅਤੇ ਹੋਰ ਅੰਗ ਵੀ ਕਿਸੇ ਨਾ ਕਿਸੇ ਰੂਪ ਵਿੱਚ ਪ੍ਰਭਾਵਿਤ ਜਰੂਰ ਹੁੰਦੇ ਹਨ। ਜੋ ਵੀ ਵਿਅਕਤੀ ਕਿਸੇ ਵੀ ਰੂਪ ਵਿੱਚ ਤੰਬਾਕੂ ਨੋਸ਼ੀ ਕਰਦਾ ਹੈ ਓਸ ਨੂੰ ਮਹਾਮਾਰੀ ਦਾ ਸੰਕ੍ਰਮਣ ਜਲਦੀ ਝੱਲਣਾ ਪੈ ਸਕਦਾ ਹੈ ਕਿਉਂਕਿ ਕਰੋਨਾ ਦਾ ਵੀ ਅਸਰ ਫੇਫੜਿਆਂ ਤੇ ਪੈਂਦਾ ਹੈ।

ਸਿਵਲ ਸਰਜਨ ਡਾ. ਪਰਮਿੰਦਰ ਕੁਮਾਰ ਨੇ ਕਿਹਾ ਕਿ ਜੋ ਵਿਅਕਤੀ ਤੰਬਾਕੂ ਦਾ ਸੇਵਨ ਕਰਦੇ ਹਨ ਉਹਨਾਂ ਨੂੰ ਗੰਭੀਰ ਸਿਹਤ ਸੰਬੰਧੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਇਸ ਕਰਕੇ ਜਰੂਰੀ ਹੈ ਕਿ ਤੰਬਾਕੂ ਨੋਸ਼ੀ ਤੋਂ ਬਚਿਆ ਜਾਵੇ ਨਾਲ ਹੀ ਉਹਨਾਂ ਨੇ ਨੋਜਵਾਨ ਪੀੜੀ ਨੂੰ ਅਪੀਲ ਕੀਤੀ ਕਿ ਸ਼ੌਂਕ - ਸ਼ੌਂਕ ਵਿਚ ਸ਼ੁਰੂ ਕੀਤੀ ਤੰਬਾਕੂ ਚਾਹੇ ਸਿਗਰਟ, ਹੁੱਕੇ, ਜਾਂ ਗੁਟਕਾ ਜਾਂ ਕਿਸੇ ਹੋਰ ਰੂਪ ਜਿਵੇਂ ਈ- ਸਿਗਰੇਟ ਆਦਿ ਦਾ ਸੇਵਨ ਅੱਗੇ ਜਾ ਕੇ ਉਨ੍ਹਾਂ ਲਈ ਦਿਲ ਦੇ ਰੋਗਾਂ, ਮੂੰਹ ਦਾ ਕੈਂਸਰ, ਟੀ.ਬੀ. ਆਦਿ ਹੋਣ ਦਾ ਖ਼ਤਰਾ ਬਾਕੀਆਂ ਨਾਲੋਂ 50% ਜਆਿਦਾ ਹੁੰਦਾ ਹੈ। ਇਸ ਕਰਕੇ ਨੋਜਵਾਨਾਂ ਨੂੰ ਤੰਬਾਕੂ ਦਾ ਸੇਵਨ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।

ਜ਼ਿਲ੍ਹਾ ਮਾਸ ਮੀਡੀਆ ਅਫਸਰ ਅਨਿਲ ਧਾਮੂ ਨੇ ਕਿਹਾ ਕੇ ਜ਼ਿਲੇ ਵਿਚ ਫਲੈਕਸ ਬੈਨਰ ਆਦਿ ਲਗਾ ਕੇ ਲੋਕਾਂ ਨੂੰ ਤੰਬਾਕੂ ਛੱਡਣ ਲਈ ਪ੍ਰੇਰਿਤ ਕੀਤਾ ਜਾਵੇਗਾ। ਜ਼ਿਲੇ ਦੇ ਸਾਰੇ ਬਲਾਕਾਂ ਵਿਚ ਬੀ ਈ ਈ ਪਹਿਲਾ ਹੀ ਲੋਕਾਂ ਨੂੰ ਜਾਗਰੂਕ ਕਰਨ ਵਿਚ ਵੱਡਮੁੱਲਾ ਸਹਿਯੋਗ ਕਰ ਰਹੇ ਹਨ। ਇਸ ਮੌਕੇ ਡਾ. ਅਸ਼ਵਨੀ ਕੁਮਾਰ ਡੀ. ਐਮ.ਸੀ., ਡਾ. ਚਰਨਜੀਤ ਜ਼ਿਲ੍ਹਾ ਟੀਕਾਕਰਨ ਅਫਸਰ, ਡਾ. ਸੁਨੀਤਾ, ਸੁਖਦੇਵ ਸਿੰਘ ਬੀ.ਸੀ.ਸੀ. ਅਤੇ ਸੁਮਨ ਕੁਮਾਰ ਏਮ.ਪੀ.ਐਚ.ਐਸ. ਹਾਜ਼ਰ ਸਨ।





# ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ

## ਡੱਬਵਾਲਾ ਦੇ ਸਿਹਤ ਅਤੇ ਤੰਦਰੁਸਤੀ ਕੇਂਦਰ ਵਿੱਚ ਵਿਸ਼ਵ ਤੰਬਾਕੂ ਦਿਵਸ ਮਨਾਇਆ ਗਿਆ

ਫਾਜ਼ਿਲਕਾ 31 ਮਈ, 2021.

ਵਿਸ਼ਵ ਤੰਬਾਕੂ ਦਿਵਸ ਮੌਕੇ ਸਿਵਲ ਸਰਜਨ ਫਾਜ਼ਿਲਕਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤੇ ਡੱਬਵਾਲਾ ਕਲਾਂ ਦੇ ਐਸ.ਐਮ.ਓ. ਡਾ. ਪੰਕਜ ਚੌਹਾਨ ਦੀ ਅਗਵਾਈ ਹੇਠ ਡੱਬਵਾਲਾ ਦੇ ਸਿਹਤ ਅਤੇ ਤੰਦਰੁਸਤੀ ਕੇਂਦਰ ਵਿੱਚ ਵਿਸ਼ਵ ਤੰਬਾਕੂ ਵਿਰੋਧੀ ਦਿਵਸ ਮਨਾਇਆ ਗਿਆ। ਇਸ ਮੌਕੇ ਲੋਕਾਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਅਤੇ ਤੰਬਾਕੂ ਦੇ ਸੇਵਨ ਬਾਰੇ ਦੱਸਿਆ ਗਿਆ ਅਤੇ ਤੰਬਾਕੂ ਦਾ ਸੇਵਨ ਨਾ ਕਰਨ ਦੀ ਸਹੁੰ ਵੀ ਚੁਕਾਈ ਗਈ।

ਐਸ.ਐਮ.ਓ. ਡਾ. ਪੰਕਜ ਚੌਹਾਨ ਨੇ ਲੋਕਾਂ ਨੂੰ ਜਾਗਰੂਕ ਕਰਦਿਆਂ ਅਪੀਲ ਕੀਤੀ ਕਿ ਤੰਬਾਕੂ ਦੀ ਵਰਤੋਂ ਪਹਿਲਾਂ ਤਾਂ ਸ਼ੌਕ ਨਾਲ ਕੀਤੀ ਜਾਂਦੀ ਅਤੇ ਅਤੇ ਬਾਅਦ ਵਿਚ ਇਕ ਬੁਰੀ ਆਦਤ ਬਣ ਜਾਂਦੀ ਹੈ। ਉਨ੍ਹਾਂ ਕਿਹਾ ਕਿ ਗਲ਼ੇ ਅਤੇ ਮੂੰਹ ਦੇ ਕੈਂਸਰ ਦਾ ਮੁੱਖ ਕਾਰਨ ਤੰਬਾਕੂ ਹੈ, ਜੋ ਸਿਗਰਟ, ਪਾਨ ਮਸਾਲਾ ਅਤੇ ਜ਼ਰਦਾ ਦੇ ਸੇਵਨ ਨਾਲ ਹੁੰਦਾ ਹੈ। ਉਨ੍ਹਾਂ ਕਿਹਾ ਕਿ ਜੇ ਮਨ ਵਿਚ ਮਜ਼ਬੂਤ ਇੱਛਾ ਸ਼ਕਤੀ ਹੈ, ਤਾਂ ਤੰਬਾਕੂ ਦਾ ਸੇਵਨ ਛੱਡਿਆ ਜਾ ਸਕਦਾ ਹੈ, ਜਿਸ ਲਈ ਡਾਕਟਰ ਨਾਲ ਸਲਾਹ-ਮਸ਼ਵਰਾ ਕਰਨਾ ਜ਼ਰੂਰੀ ਹੈ।

ਬਲਾਕ ਮਾਸ ਮੀਡੀਆ ਇੰਚਾਰਜ ਦਿਵੇਸ਼ ਕੁਮਾਰ ਨੇ ਦੱਸਿਆ ਕਿ ਸਿਹਤ ਅਤੇ ਤੰਦਰੁਸਤੀ ਕੇਂਦਰ ਵਿਖੇ ਲੋਕਾਂ ਨੂੰ ਤੰਬਾਕੂ ਤੋਂ ਹੋਣ ਵਾਲੀਆਂ ਬਿਮਾਰੀਆਂ ਪ੍ਰਤੀ ਜਾਗਰੂਕ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਮੌਕੇ ਖਾਸ ਕਰਕੇ ਨੌਜਵਾਨਾਂ ਨੂੰ ਅਪੀਲ ਕੀਤੀ ਗਈ ਕਿ ਉਹ ਤੰਬਾਕੂ ਦੀ ਵਰਤੋਂ ਨਾ ਕਰਨ ਅਤੇ ਆਪਣੇ ਅੰਦਰ ਸਵੈ-ਇੱਛਾ ਪੈਦਾ ਕਰਕੇ ਤੰਬਾਕੂ ਤੋਂ ਨਿਜ਼ਾਤ ਪਾ ਸਕਦੇ ਹਨ।





## ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ



## ਜਾਂਦਾ ਹੋਇਆ ਮਈ ਮਹੀਨਾ ਦੇ ਗਿਆ ਕੁਝ ਰਾਹਤ, ਮਹੀਨੇ ਦੇ ਆਖਰੀ ਦਿਨ ਆਏ ਕੇਵਲ 78 ਨਵੇਂ ਕੇਸ

## ਡਿਪਟੀ ਕਮਿਸ਼ਨਰ ਵੱਲੋਂ ਲੋਕਾਂ ਨੂੰ ਸਾਵਧਾਨੀਆਂ ਬਣਾਈ ਰੱਖਣ ਦੀ ਅਪੀਲ

ਫਾਜ਼ਿਲਕਾ, 31 ਮਈ

ਮਈ ਮਹੀਨੇ ਦਾ ਆਖਰੀ ਦਿਨ ਅੱਜ ਜ਼ਿਲੇ ਲਈ ਕੁਝ ਰਾਹਤ ਵਾਲਾ ਰਿਹਾ। ਮਹੀਨੇ ਦੌਰਾਨ ਅੱਜ ਪਹਿਲੀ ਵਾਰ ਹੋਇਆ ਕਿ ਨਵੇਂ ਕੇਸ 100 ਤੋਂ ਘੱਟ ਆਏ ਹਨ। ਸੋਮਵਾਰ ਨੂੰ ਜ਼ਿਲੇ ਵਿਚ 78 ਨਵੇਂ ਕੇਸ ਆਏ ਹਨ। ਇਹ ਜਾਣਕਾਰੀ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਦਿੱਤੀ ਹੈ।

ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਕਿਹਾ ਕਿ ਨਵੇਂ ਕੇਸਾਂ ਵਿਚ ਕਮੀ ਜ਼ਿਲਾ ਵਾਸੀਆਂ ਦੇ ਸਹਿਯੋਗ ਨਾਲ ਹੀ ਸੰਭਵ ਹੋਈ ਹੈ ਜਿੰਨਾਂ ਨੇ ਕੋਵਿਡ ਪਾਬੰਦੀਆਂ ਦੀ ਪਾਲਣਾ ਕੀਤੀ ਅਤੇ ਸਹੀ ਸਮਾਜਿਕ ਵਿਹਾਰ ਕਰਦਿਆਂ ਜ਼ਿਲੇ ਵਿਚ ਕਰੋਨਾ ਦਾ ਅਸਰ ਘੱਟ ਕਰਨ ਵਿਚ ਸਫਲਤਾ ਹਾਸਲ ਕੀਤੀ ਹੈ।

ਉਨਾਂ ਨੇ ਜ਼ਿਲਾਂ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਅੱਗੇ ਤੋਂ ਵੀ ਇਸੇ ਤਰਾਂ ਸਾਵਧਾਨੀਆਂ ਰੱਖਣ ਤਾਂ ਜੋ ਕੋਵਿਡ ਨੂੰ ਮੁੜ ਸਿਰ ਚੁੱਕਣ ਤੋਂ ਰੋਕਿਆ ਜਾ ਸਕੇ। ਉਨਾਂ ਨੇ ਕਿਹਾ ਕਿ ਸਾਂਝੇ ਯਤਨਾਂ ਨਾਲ ਹੀ ਕੋਵਿਡ ਖਿਲਾਫ ਸਾਡੇ ਮਿਸ਼ਨ ਨੂੰ ਫਤਿਹ ਹਾਸਲ ਹੋਵੇਗੀ। ਉਨਾਂ ਨੇ ਲੋਕਾਂ ਨੂੰ ਵੈਕਸੀਨ ਲਗਵਾਉਣ ਦੀ ਅਪੀਲ ਵੀ ਕੀਤੀ। ਉਨਾਂ ਨੇ ਕਿਹਾ ਕਿ ਕੋਵਿਡ ਦੀ ਵੈਕਸੀਨ ਪੂਰੀ ਤਰਾਂ ਨਾਲ ਸੁਰੱਖਿਅਤ ਹੈ।

ਡਿਪਟੀ ਕਮਿਸ਼ਨਰ ਨੇ ਇਸ ਮੌਕੇ ਦੱਸਿਆ ਕਿ ਸੋਮਵਾਰ ਨੂੰ ਜ਼ਿਲੇ ਵਿਚ 78 ਨਵੇਂ ਕੇਸ ਆਏ ਹਨ ਜਦ ਕਿ 204 ਜਣੇ ਕੋਵਿਡ ਤੋਂ ਠੀਕ ਹੋਏ ਹਨ। ਉਨਾਂ ਨੇ ਕਿਹਾ ਕਿ ਜ਼ਿਲੇ ਵਿਚ ਹੁਣ ਤੱਕ ਕੁੱਲ 18573 ਲੋਕ ਕੋਵਿਡ ਪਾਜਿਟਿਵ ਆਏ ਹਨ ਜਿੰਨਾਂ ਵਿਚੋਂ 15905 ਲੋਕ ਠੀਕ ਹੋ ਚੁੱਕੇ ਹਨ ਅਤੇ ਇਸ ਸਮੇਂ ਐਕਟਿਵ ਕੇਸ 2227 ਹਨ ਜਦ ਕਿ 441 ਮੌਤਾਂ ਜ਼ਿਲੇ ਵਿਚ ਹੋਈਆਂ ਹਨ।

# ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਅਰਵਿੰਦ ਪਾਲ ਸਿੰਘ ਸੰਧੂ ਨੇ ਬਤੌਰ ਡਿਪਟੀ ਕਮਿਸ਼ਨਰ ਮੁੜ ਸੰਭਾਲਿਆ ਅਹੁਦਾ

## ਕਿਹਾ ਕੋਵਿਡ ਦੀ ਰੋਕਥਾਮ ਅਤੇ ਵਿਕਾਸ ਪ੍ਰੋਜੈਕਟਾਂ ਨੂੰ ਮੁਕੰਮਲ ਕਰਨਾ ਤਰਜੀਹਾਂ



ਫਾਜ਼ਿਲਕਾ, 31 ਮਈ

ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਵਜੋਂ ਮੁੜ ਆਪਣਾ ਅਹੁਦਾ ਸੰਭਾਲ ਲਿਆ। ਉਹ ਪਿੱਛਲੇ ਕੁਝ ਦਿਨਾਂ ਲਈ ਬਿਮਾਰੀ ਕਾਰਨ ਛੁੱਟੀ ਤੇ ਸਨ। ਅੱਜ ਅਹੁਦਾ ਸੰਭਾਲਣ ਮੌਕੇ ਉਨਾਂ ਨੇ ਕਿਹਾ ਕਿ ਕਰੋਨਾ ਖਿਲਾਫ ਫਤਿਹ ਹਾਸਲ ਕਰਨਾ ਅਤੇ ਵਿਕਾਸ ਪ੍ਰੋਜੈਕਟਾਂ ਨੂੰ ਤਰਜੀਹੀ ਅਧਾਰ ਤੇ ਮੁਕੰਮਲ ਕਰਨਾ ਉਨਾਂ ਦੀ ਪ੍ਰਾਥਮਿਕਤਾ ਰਹੇਗੀ।

ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਇਸ ਮੌਕੇ ਕਿਹਾ ਕਿ ਪਿੱਛਲੇ ਇਕ ਸਾਲ ਤੋਂ ਵਧੇਰੇ ਸਮੇਂ ਤੋਂ ਉਹ ਇਸ ਜ਼ਿਲੇ ਵਿਚ ਤਾਇਨਾਤ ਹਨ ਅਤੇ ਚੱਲ ਰਹੇ ਕੰਮਾਂ ਨੂੰ ਗਤੀ ਦੇਣ ਅਤੇ ਲੋਕਾਂ ਨੂੰ ਚੰਗਾ ਪ੍ਰਸ਼ਾਸਨ ਮੁਹਈਆ ਕਰਵਾਉਣ ਦੇ ਉਦੇਸ਼ ਨਾਲ ਉਹ ਕੰਮ ਜਾਰੀ ਰੱਖਣਗੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕੋਵਿਡ ਸੰਕਟ ਕਾਰਨ ਇਸ ਸਮਾਂ ਚੁਣੌਤੀ ਭਰਪੂਰ ਹੈ, ਇਸ ਲਈ ਸਾਰੇ ਜ਼ਿਲਾ ਵਾਸੀ ਕੋਵਿਡ ਦੀ ਰੋਕਥਾਮ ਲਈ ਸਰਕਾਰ ਵੱਲੋਂ ਦੱਸੀਆਂ ਸਾਵਧਾਨੀਆਂ ਦਾ ਪਾਲਣ ਕਰਨ। ਉਨਾਂ ਨੇ ਕਿਹਾ ਜੇਕਰ ਅਸੀਂ ਮਿਲ ਕੇ ਕੰਮ ਕਰਾਂਗੇ ਤਾਂ ਆਪਣੇ ਜ਼ਿਲੇ ਵਿਚ ਕੋਵਿਡ ਨੂੰੂ ਪੂਰੀ ਤਰਾਂ ਖਤਮ ਕਰਕੇ ਇਕ ਬਿਹਤਰ ਕੱਲ ਦੀ ਸਿਰਜਣਾ ਕਰ ਸਕਾਂਗੇ।

ਇਸ ਮੌਕੇ ਉਨਾਂ ਨੇ ਚੋਣਵੇਂ ਸੀਨਿਅਰ ਅਧਿਕਾਰੀਆਂ ਨਾਲ ਬੈਠਕ ਕਰਕੇ ਉਨਾਂ ਨੂੰ ਮਿਸ਼ਨ ਫਤਿਹ ਦੀ ਸਫਲਤਾ ਵਿਚ ਜੁੱਟ ਜਾਣ ਲਈ ਕਿਹਾ ਤਾਂ ਜੋ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਤੰਦਰੁਸਤ ਪੰਜਾਬ ਦੇ ਸੁਪਨੇ ਨੂੰ ਸਕਾਰ ਕੀਤਾ ਜਾ ਸਕੇ।

# ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ

## ਜ਼ਿਲਾ ਮੈਜਿਸਟ੍ਰੇਟ ਵੱਲੋਂ ਕੋਵਿਡ ਦੇ ਮੱਦੇਨਜਰ ਲਗਾਈਆਂ ਪਾਬੰਦੀਆਂ ਵਿਚ ਕੀਤਾ 10 ਜੂਨ ਤੱਕ ਦਾ ਵਾਧਾ

## ਉਲੰਘਣਾ ਕਰਨ ਤੇ ਹੋਵਗੀ ਸਖ਼ਤ ਕਾਰਵਾਈ



ਫਾਜ਼ਿਲਕਾ, 31 ਮਈ :

ਜ਼ਿਲਾ ਮੈਜਿਸਟ੍ਰੇਟ ਸ: ਅਰਵਿੰਦ ਪਾਲ ਸਿੰਘ ਸੰਧੂ ਆਈ.ਏ.ਐਸ. ਨੇ ਪੰਜਾਬ ਸਰਕਾਰ ਵਲੋਂ ਜਾਰੀ ਨਿਰਦੇਸ਼ਾਂ ਤਹਿਤ ਕੋਵਿਡ ਦੇ ਮੱਦੇਨਜਰ ਲਗਾਈਆਂ ਪਾਬੰਦੀਆਂ ਵਿਚ 10 ਜੂਨ 2021 ਤੱਕ ਦਾ ਵਾਧਾ ਕੀਤਾ ਹੈ। ਇੰਨਾਂ ਪਾਬੰਦੀਆਂ ਦੀ ਉਲੰਘਣਾ ਕਰਨ ਤੇ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਜ਼ਿਲਾ ਮੈਜਿਸਟ੍ਰੇਟ ਸ: ਅਰਵਿੰਦ ਪਾਲ ਸਿੰਘ ਸੰਧੂ ਆਈ.ਏ.ਐਸ. ਵੱਲੋਂ ਜਾਰੀ ਹੁਕਮ ਅਨੁਸਾਰ ਜਰੂਰੀ ਵਸਤਾਂ ਦੀਆਂ ਦੁਕਾਨਾਂ ਜਿਵੇਂ ਮਿਠਾਈ, ਬੇਕਰੀ, ਕੰਨਫੈਕਸ਼ਨਰੀ ਸ਼ਾਪ, ਦੁੱਧ, ਬ੍ਰੈਡ, ਸਬਜੀਆਂ, ਫਲਾਂ, ਡੇਅਰੀ ਅਤੇ ਪੋਲਟਰੀ ਉਤਪਾਦ ਜਿਵੇਂ ਆਂਡੇ, ਮੀਟ, ਮੱਛੀ ਨਾਲ ਸਬੰਧਤ ਉਤਪਾਦ, ਅਖ਼ਬਾਰਾਂ ਦੀ ਸਪਲਾਈ, ਪਸ਼ੂਆਂ ਦੇ ਚਾਰੇ ਦੀ ਸਪਲਾਈ ਅਤੇ ਪੀਣ ਦੇ ਪਾਣੀ ਦੀ ਸਪਲਾਈ ਨਾਲ ਸਬੰਧਤ ਦੁਕਾਨਾਂ ਸਾਰੇ ਦਿਨਾਂ ਦੌਰਾਨ ਸਵੇਰੇ 6 ਤੋਂ ਸਵੇਰੇ 9 ਵਜੇ ਤੱਕ ਖੁੱਲ ਸਕਣਗੀਆਂ। ਇਸ ਤੋਂ ਬਿਨਾਂ ਬਾਕੀ ਸਾਰੀਆਂ ਗੈਰ ਜਰੂਰੀ ਸਮਾਨ ਦੀ ਵਿਕਰੀ ਕਰਨ ਵਾਲੀਆਂ ਦੁਕਾਨਾਂ ਸੋਮਵਾਰ ਤੋਂ ਸ਼ੁੱਕਰਵਾਰ ਤੱਕ ਸਵੇਰੇ 9 ਵਜੇ ਤੋਂ ਬਾਅਦ ਦੁਪਹਿਰ 2 ਵਜੇ ਤੱਕ ਖੁੱਲਣਗੀਆਂ। ਰੈਸਟੋਰੈਂਟ, ਹੋਟਲ, ਕੈਫੇ, ਕੋਫੀ ਸ਼ਾਪ, ਫਾਸਟਫੂਟ ਆਊਟਲੇਟ, ਢਾਬੇ ਆਦਿ ਸਿਰਫ ਹੋਮ ਡਲੀਵਰੀ ਕਰ ਸਕਣਗੇ ਅਤੇ ਸਵੇਰੇ 6 ਤੋਂ ਦੁਪਹਿਰ ਰਾਤ 9 ਵਜੇ ਤੱਕ ਖੁੱਲਣਗੇ। ਇੱਥੇ ਬੈਠ ਕੇ ਖਾਣਾ ਆਦਿ ਖਾਣ ਦੀ ਮਨਾਹੀ ਹੋਵੇਗੀ।

ਇਸ ਤੋਂ ਬਿਨਾ ਹਸਪਤਾਲ, ਵੈਟਰਨਰੀ ਹਸਪਤਾਲ ਅਤੇ ਉਹ ਸਾਰੇ ਅਦਾਰੇ ਜੋ ਕਿ ਦਵਾਈਆਂ ਅਤੇ ਮੈਡੀਕਲ ਸਮਾਨ ਦੀ ਸਪਲਾਈ ਜਾਂ ਉਤਪਾਦਨ ਕਰਦੇ ਹਨ, ਪੈਟਰੋਲ ਡੀਜਲ ਪੰਪ, ਸਮਾਨ ਦੀ ਢੋਆਢੁਆਈ ਨੂੰ ਸੱਤੋਂ ਦਿਨ 24 ਘੰਟੇ ਛੋਟ ਹੋਵੇਗੀ ਪਰ ਉਨਾਂ ਦੇ ਨਾਲ ਸਬੰਧਤ ਵਿਅਕਤੀਆਂ ਨੂੰ ਆਪਣਾ ਪਹਿਚਾਣ ਪੱਤਰ ਵਿਖਾਉਣਾ ਲਾਜਮੀ ਹੋਵੇਗਾ। ਇਸ ਤੋਂ ਬਿਨਾਂ ਕੰਬਾਇਨਾਂ ਨੂੰ ਖੇਤ ਵਿਚ ਚਲਾਉਣ, ਕਣਕ ਖਰੀਦ, ਸ਼ਹਿਰੀ ਅਤੇ ਦਿਹਾਤੀ ਖੇਤਰਾਂ ਵਿਚ ਨਿਰਮਾਣ ਕਾਰਜਾਂ ਨੂੰ ਸਾਰੇ ਦਿਨ ਸਵੇਰੇ 9 ਤੋਂ ਸ਼ਾਮ 7 ਵਜੇ ਤੱਕ ਛੋਟ ਹੋਵੇਗੀ।

ਹਫਤਾਵਾਰੀ ਕਰਫਿਊ ਸ਼ੁੱਕਰਵਾਰ ਬਾਅਦ ਦੁਪਹਿਰ 2 ਵਜੇ ਤੋਂ ਸੋਮਵਾਰ ਸਵੇਰ 6 ਵਜੇ ਤੱਕ ਪੂਰੇ ਜ਼ਿਲੇ ਵਿਚ ਲਾਗੂ ਰਹੇਗਾ। ਇਸ ਤੋਂ ਬਿਨਾਂ ਕਿਸੇ ਵੀ ਮਾਰਗ ਜਾਂ ਸਾਧਨ ਰਾਹੀਂ ਜ਼ਿਲੇ ਵਿਚ ਦਾਖਲ ਹੋਣ ਵਾਲੇ ਵਿਅਕਤੀ ਨੂੰ ਕੋਵਿਡ ਨੈਗੇਟਿਵ ਰਿਪੋਰਟ ਦੇਣੀ ਹੋਵੇਗੀ ਜੋ ਕਿ 72 ਘੰਟੇ ਤੋਂ ਵੱਧ ਪੁਰਾਣੀ ਨਾ ਹੋਵੇ ਜਾਂ ਉਸਨੂੰ ਦੋ ਹਫਤੇ ਪਹਿਲਾਂ ਲੱਗੇ ਕੋਵਿਡ ਵੈਕਸੀਨ ਦਾ ਸਰਟੀਫਿਕੇਟ ਦੇਣਾ ਹੋਵੇਗਾ।

ਇਸੇ ਤਰਾਂ ਸਾਰੇ ਸਰਕਾਰੀ ਦਫ਼ਤਰ ਅਤੇ ਬੈਂਕ 50 ਫੀਸਦੀ ਸਟਾਫ ਨਾਲ ਕੰਮ ਕਰਣਗੇ ਪਰ ਇਹ ਹੁਕਮ ਕੋਵਿਡ ਪ੍ਰਬੰਧਨ ਵਿਚ ਲੱਗੇ ਵਿਭਾਗਾਂ ਦੇ ਲਾਗੂ ਨਹੀਂ ਹੋਵੇਗਾ। ਬੈਂਕਾਂ ਅਤੇ ਸੇਵਾ ਕੇਂਦਰਾਂ ਵਿਚ ਪਬਲਿਕ ਡੀਿਗ 9 ਤੋਂ 4 ਵਜੇ ਤੱਕ ਹੀ ਹੋ ਸਕੇਗੀ ਹਾਲਾਂਕਿ ਸਟਾਫ 9 ਤੋਂ 5 ਵਜੇ ਸੋਮਵਾਰ ਤੋਂ ਸ਼ੁਕਰਵਾਰ ਤੱਕ ਬੈਂਕ/ਸੇਵਾ ਕੇਂਦਰ ਵਿਚ ਹਾਜਰ ਰਹਿ ਸਕਦਾ ਹੈ। ਵਿਆਹ, ਸੰਰਧਾਂਜਲੀ, ਸਸਕਾਰ ਸਮੇਤ ਕਿਸੇ ਵੀ ਥਾਂ ਤੇ 10 ਤੋਂ ਜਿਆਦਾ ਲੋਕਾਂ ਦੇ ਇੱਕਠ ਤੇ ਪਾਬੰਦੀ ਹੈ। ਪਿੰਡਾਂ ਵਿਚ ਰਾਤਰੀ ਕਰਫਿਊ ਅਤੇ ਵੀਕਐਂਡ ਕਰਫਿਊ ਲਾਗੂ ਕਰਨ ਲਈ ਠਿਕਰੀ ਪਹਿਰੇ ਲਗਾਏ ਜਾਣ। ਸਬਜੀ ਮੰਡੀ ਜੋ ਕਿ ਸਿਰਫ ਫਲ ਸਬਜੀਆਂ ਦੇ ਥੋਕ ਵਿਕ੍ਰੇਤਾਵਾਂ ਲਈ ਖੁੱਲੇਗੀ ਵਿਚ ਸਮਾਜਿਕ ਦੂਰੀ ਦੇ ਨਿਯਮ ਦਾ ਪਾਲਣ ਕੀਤਾ ਜਾਵੇ। ਕਿਸਾਨ ਸੰਗਠਨਾਂ ਅਤੇ ਧਾਰਮਿਕ ਆਗੂਆਂ ਨੂੰ ਇੱਕਠ ਨਾ ਕਰਨ ਦੀ ਅਪੀਲ ਕੀਤੀ ਗਈ ਹੈ। ਧਾਰਮਿਕ ਸਥਾਨ ਸ਼ਾਮ 6 ਵਜੇ ਬੰਦ ਹੋ ਜਾਣਗੇ ਅਤੇ ਉਥੇ ਕਿਸੇ ਕਿਸਮ ਦੀ ਭੀੜ ਕਰਨ ਦੀ ਆਗਿਆ ਨਹੀਂ ਹੋਵੇਗੀ। ਆਕਸੀਜਨ ਸਿੰਲੈਡਰ ਦੀ ਕਾਲਾਬਜਾਰੀ ਸਖਤੀ ਨਾਲ ਰੋਕੀ ਜਾਵੇਗੀ ਅਤੇ ਸੜਕਾਂ ਤੇ ਫੜੀ ਰੇਹੜੀ ਲਗਾਉਣ ਵਾਲਿਆਂ ਦੇ ਆਰਟੀਪੀਸੀਆਰ ਟੈਸਟ ਕੀਤੇ ਜਾਣਗੇ।

ਇਸੇ ਤਰਾਂ ਰੋਜਾਨਾ ਦੁਪਹਿਰ ਬਾਅਦ 2 ਵਜੇ ਤੋਂ ਅਗਲੀ ਸਵੇਰ 6 ਵਜੇ ਤੱਕ ਅਤੇ ਸ਼ੁਕਰਵਾਰ ਨੂੰ ਦੁਪਹਿਰ ਬਾਅਦ 2 ਤੋਂ

ਸੋਮਵਾਰ ਸਵੇਰ 6 ਵਜੇ ਤੱਕ ਜ਼ਿਲੇ ਵਿਚ ਕਰਫਿਊ ਰਹੇਗਾ ਅਤੇ ਇਸ ਦੌਰਾਨ ਮੈਡੀਕਲ ਕਾਰਨਾਂ ਤੋਂ ਬਿਨਾਂ ਵਾਹਨ ਲੈ ਕੇ ਨਿਕਲਣ ਤੇ ਰੋਕ ਹੋਵੇਗੀ। ਪਬਲਿਕ ਟਰਾਂਸਪੋਰਟ ਵਿਚ ਸਮਰੱਥਾ ਤੋਂ 50 ਫੀਸਦੀ ਸਵਾਰੀਆਂ ਹੀ ਚੜਾਈਆਂ ਜਾਣਗੀਆਂ ਅਤੇ ਇੰਨਾਂ ਦੀ ਚੈਕਿੰਗ ਲਈ ਉਡਣ ਦਸਤੇ ਬਣਨਗੇ। ਬਾਰ, ਸਿਨੇਮਾ, ਜਿੰਮ, ਸਪਾ, ਸਵੀਮਿੰਗ ਪੂਲ, ਕੋਚਿੰਗ ਸੈਂਟਰ, ਸਪੋਰਟਸ ਕੰਪਲੈਕਸ ਬੰਦ ਰਹਿਣਗੇ। ਹਫਤਾਵਾਰੀ ਮੰਡੀਆਂ ਬੰਦ ਰਹਿਣਗੀਆਂ। ਜ਼ਿਲਾ ਪ੍ਰਸਾਸਨ ਦੀ ਪੂਰਵ ਪ੍ਰਵਾਨਗੀ ਤੋਂ ਬਿਨਾਂ ਹਰ ਪ੍ਰਕਾਰ ਦੀਆਂ ਸਮਾਜਿਕ, ਧਾਰਮਿਕ ਅਤੇ ਖੇਡ ਸਮਾਗਮਾਂ, ਨੀਂਹ ਪੱਥਰ, ਉਦਘਾਟਨ ਆਦਿ ਤੇ ਰੋਕ ਰਹੇਗੀ। ਰਾਜਨੀਤਿਕ ਸਮਾਗਮਾਂ ਤੇ ਵੀ ਰੋਕ ਰਹੇਗੀ ਅਤੇ ਅਜਿਹਾ ਕਰਨ ਵਾਲੇ ਖਿਲਾਫ ਐਫਆਈਆਰ ਦਰਜ ਕਰਨ ਦੇ ਨਾਲ ਨਾਲ ਉਸ ਸਥਾਨ ਨੂੰ ਵੀ ਤਿੰਨ ਮਹੀਨੇ ਲਈ ਸੀਲ ਕਰ ਦਿੱਤਾ ਜਾਵੇਗਾ। ਪਿੱਛਲੇ ਦਿਨਾਂ ਵਿਚ ਕੋਈ ਵੱਡੀ ਸਮਾਜਿਕ, ਧਾਰਮਿਕ, ਰਾਜਨੀਤਿਕ ਸਮਾਗਮ ਵਿਚ ਸ਼ਾਮਿਲ ਹੋਏ ਵਿਅਕਤੀ ਨੂੰ 5 ਦਿਨ ਲਈ ਘਰੇਲੂ ਇਕਾਂਤਵਾਸ ਵਿਚ ਰਹਿਣ ਤੋਂ ਬਾਅਦ ਆਪਣਾ ਟੈਸਟ ਕਰਵਾਉਣ ਪਵੇਗਾ। ਉਨਾਂ ਕਿਹਾ ਕਿ ਸੇਵਾ ਉਦਯੋਗ ਸਮੇਤ ਸਾਰੇ ਨਿੱਜੀ ਦਫ਼ਤਰਾਂ ਜਿਨਾਂ ਵਿੱਚ ਆਰਕੀਟੈਕਟ, ਚਾਰਟਡ ਅਕਾਊਂਟੈਂਟ, ਇੰਸ਼ੋਰੈਂਸ ਕੰਪਨੀ ਨੂੰ ਕੇਵਲ ਘਰ ਤੋਂ ਕੰਮ ਕਰਨ ਦੀ ਆਗਿਆ ਹੈ।

ਉਨਾਂ ਕਿਹਾ ਕਿ ਸਾਰੇ ਸਰਕਾਰੀ ਤੇ ਪ੍ਰਾਈਵੇਟ ਦਫ਼ਤਰਾਂ ਵਿੱਚ ਕੰਮ ਕਰ ਰਹੇ ਜਿਨਾਂ ਕਰਮਚਾਰੀਆਂ ਦੀ ਉਮਰ 45 ਸਾਲ ਤੋਂ ਵੱਧ ਹੈ ਅਤੇ ਉਨਾਂ ਪਿਛਲੇ 15 ਦਿਨਾਂ ਜਾਂ ਇਸ ਤੋਂ ਵੱਧ ਦਿਨਾਂ ਵਿੱਚ ਵੈਕਸੀਨ ਦੀ ਕੋਈ ਡੋਜ਼ ਨਹੀਂ ਲਗਵਾਈ ਹੈ, ਉਨਾਂ ਨੂੰ ਛੁੱਟੀ ਲੈ ਕੇ ਘਰ ਵਿੱਚ ਰਹਿਣ ਲਈ ਪ੍ਰੇਰਿਤ ਕੀਤਾ ਜਾਵੇ, ਜਿੰਨੀ ਦੇਰ ਤੱਕ ਉਹ ਵੈਕਸੀਨ ਨਹੀਂ ਲਗਵਾਉਦੇ। ਇਸ ਤੋਂ ਇਲਾਵਾ ਜਿਨਾਂ ਕਰਮਚਾਰੀਆਂ ਦੀ ਉਮਰ 45 ਸਾਲ ਤੋਂ ਘੱਟ ਹੈ ਅਤੇ ਆਰ.ਟੀ.-ਪੀ.ਸੀ.ਆਰ. ਦੀ ਰਿਪੋਰਟ (ਪੰਜ ਦਿਨਾਂ ਤੋਂ ਜ਼ਿਆਦਾ ਪੁਰਾਣੀ ਨਾ ਹੋਵੇ) ਨੈਗੇਟਿਵ ਹੈ, ਉਨਾਂ ਨੂੰ ਹੀ ਦਫ਼ਤਰ ਵਿੱਚ ਆਉਣ ਦੀ ਆਗਿਆ ਹੋਵੇਗੀ ਅਤੇ ਜਿਨਾਂ ਕਰਮਚਾਰੀਆਂ ਦੀ ਆਰ.ਟੀ.-ਪੀ.ਸੀ.ਆਰ. ਰਿਪੋਰਟ ਪਾਜੀਟਿਵ ਹੋਵੇਗੀ, ਉਨਾਂ ਨੂੰ ਘਰ ਵਿੱਚ ਰਹਿਣ ਲਈ ਪ੍ਰੇਰਿਤ ਕੀਤਾ ਜਾਵੇ। ਸਾਰੇ ਸਰਕਾਰੀ ਦਫ਼ਤਰਾਂ ਵਿੱਚ ਵਿਅਕਤੀਗਤ ਤੌਰ @ਤੇ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ @ਤੇ ਪਾਬੰਦੀ ਲਗਾਉਦੇ ਹੋਏ ਇਸ ਮਕਸਦ ਲਈ ਆਨਲਾਈਨ ਤੇ ਵਰਚੂਅਲ ਤਰੀਕੇ ਅਪਨਾਉਣ ਲਈ ਕਿਹਾ ਗਿਆ ਹੈ। ਇਸ ਤੋਂ ਬਿਨਾਂ ਕੋਨਟੇਨਮੈਂਟ ਖੇਤਰਾਂ ਵਿਚ ਜਾਂਚ ਕਰਨ ਅਤੇ ਜਰੂਰੀ ਸਾਵਧਾਨੀਆਂ ਸ਼ਖਤੀ ਨਾਲ ਲਾਗੂ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

ਜ਼ਿਲਾ ਮੈਜਿਸਟਰੇਟ ਨੇ ਕਿਹਾ ਕਿ ਕੋਵਿਡ ਮਹਾਂਮਾਰੀ ਦੇ ਮਾਮਲੇ ਗੰਭੀਰ ਚਿੰਤਾ ਦਾ ਵਿਸ਼ਾ ਹੈ, ਜਿਸ ਦੇ ਮੱਦੇਨਜ਼ਰ ਬਾਜ਼ਾਰ, ਜਨਤਕ ਟਰਾਂਸਪੋਰਟ ਆਦਿ ਸਮੇਤ ਸਾਰੀਆਂ ਗਤੀਵਿਧੀਆਂ ਵਿੱਚ ਜ਼ਰੂਰੀ ਸਾਵਧਾਨੀਆਂ ਅਪਣਾਈਆਂ ਜਾਣ, ਜਿਸ ਵਿੱਚ 6 ਫੁੱਟ ਦੀ ਸਮਾਜਿਕ ਦੂਰੀ ਤੇ ਮਾਸਕ ਪਹਿਨਣਾ ਯਕੀਨੀ ਬਣਾਇਆ ਜਾਵੇ। ਉਨਾਂ ਕਿਹਾ ਕਿ ਭੀੜ ਵਾਲੇ ਸਥਾਨਾਂ ਤੇ ਜਾਣ ਤੋਂ ਗੁਰੇਜ਼ ਕੀਤਾ ਜਾਵੇ ਜਾਂ ਜੇਕਰ ਜ਼ਿਆਦਾ ਜ਼ਰੂਰੀ ਹੋਵੇ ਤਾਂ ਹੀ ਘਰ ਤੋਂ ਬਾਹਰ ਨਿਕਲਿਆ ਜਾਵੇ। ਇਸ ਤੋਂ ਇਲਾਵਾ ਜਨਤਕ ਕੰਮ ਸਥਾਨਾਂ @ਤੇ ਮਾਸਕ ਪਹਿਨਣ, ਜਨਤਕ ਥਾਵਾਂ @ਤੇ ਨਾ ਥੁੱਕਣ ਅਤੇ ਸਮੇਂ-ਸਮੇਂ @ਤੇ ਹੱਥ ਸਾਬਣ ਤੇ ਸੈਨੇਟਾਈਜ਼ਰ ਨਾਲ ਸਾਫ਼ ਕਰਨਾ ਯਕੀਨੀ ਬਣਾਇਆ ਜਾਵੇ। ਉਨਾਂ ਕਿਹਾ ਕਿ ਇਨਾਂ ਹੁਕਮਾਂ, ਪਾਬੰਦੀਆਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਆਪਦਾ ਪ੍ਰਬੰਧਨ ਮੈਨੇਜਮੈਂਟ ਐਕਟ ਦੀ ਧਾਰਾ 51 ਤੋਂ 60 ਤੱਕ ਆਈ.ਪੀ.ਸੀ. ਦੀ ਧਾਰਾ 188 ਤਹਿਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।